# Slok Mahala 9



by Guru Teg Bahadur

Distributed by SikhNet.com

ਸਲੋਕ ਮਹਲਾ ੯ ॥
ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥ ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨੁ ॥੪॥ ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥ ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥

ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ
ਸਾਥਿ ॥੬॥ ਤਨੁ ਧਨੁ ਜਿਹ ਤੋ ਕਉ ਦੀਓ ਤਾਂ
ਸਿਉ ਨੇਹੁ ਨ ਕੀਨ ॥ ਕਹੁ ਨਾਨਕ ਨਰ ਬਾਵਰੇ
ਅਬ ਕਿਉ ਡੋਲਤ ਦੀਨ ॥੭॥ ਤਨੁ ਧਨੁ ਸੰਪੈ
ਸੁਖ ਦੀਓ ਅਰੁ ਜਿਹ ਨੀਕੇ ਧਾਮ ॥ ਕਹੁ
ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ
॥੮॥ ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ
ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਤਿਹ
ਸਿਮਰਤ ਗਤਿ ਹੋਇ ॥੯॥ ਜਿਹ ਸਿਮਰਤ
ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥ ਕਹੁ
ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ
॥੧੦॥ ਪਾਂਚ ਤਤ ਕੋ ਤਨੁ ਰਚਿਓ ਜਾਨਹੁ
ਚਤੁਰ ਸੁਜਾਨ ॥ ਜਿਹ ਤੇ ਉਪਜਿਓ ਨਾਨਕਾ
ਲੀਨ ਤਾਹਿ ਮੈ ਮਾਨੁ ॥੧੧॥ ਘਟ ਘਟ ਮੈ
ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥

ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ
ਉਤਰਹਿ ਪਾਰਿ ॥੧੨॥ ਸੁਖੁ ਦੁਖੁ ਜਿਹ ਪਰਸੈ
ਨਹੀ ਲੋਭੁ ਮੋਹੁ ਅਭਿਮਾਨੁ ॥ ਕਹੁ ਨਾਨਕ ਸੁਨੁ
ਰੇ ਮਨਾ ਸੋ ਮੂਰਤਿ ਭਗਵਾਨ ॥੧੩॥ ਉਸਤਤਿ
ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ
॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ
ਤੈ ਜਾਨਿ ॥੧੪॥ ਹਰਖੁ ਸੋਗੁ ਜਾ ਕੈ ਨਹੀ
ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ
ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥ ਭੈ ਕਾਹੂ
ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ
ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ
॥੧੬॥ ਜਿਹਿ ਬਿਖਿਆ ਸਗਲੀ ਤਜੀ ਲੀਓ
ਭੇਖ ਬੈਰਾਗ ॥ ਕਹੁ ਨਾਨਕ ਸੁਨੁ ਰੇ ਮਨਾ
ਤਿਹ ਨਰ ਮਾਥੈ ਭਾਗੁ ॥੧੭॥ ਜਿਹਿ ਮਾਇਆ
ਮਮਤਾ ਤਜੀ ਸਭ ਤੇ ਭਇਓ ਉਦਾਸੁ ॥

ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥ ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ॥ ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥ ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥ ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥

ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥ ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥ ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥੨੫॥ ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥ ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥ ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥ ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥ ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ ॥੨੮॥ ਜੋ ਪ੍ਰਾਨੀ ਨਿਸਿ ਦਿਨੁ ਭਜੈ ਰੂਪ ਰਾਮ ਤਿਹ ਜਾਨੁ ॥ ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥ ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥ ਕਹੁ ਨਾਨਕ ਬਿਨੁ

ਹਰਿ ਭਜਨ ਜੀਵਨ ਕਉਨੇ ਕਾਮ ॥੩੦॥
ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ
॥ ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ
ਜਮ ਫੰਧ ॥੩੧॥ ਸੁਖ ਮੈ ਬਹੁ ਸੰਗੀ ਭਏ
ਦੁਖ ਮੈ ਸੰਗਿ ਨ ਕੋਇ ॥ ਕਹੁ ਨਾਨਕ ਹਰਿ
ਭਜੁ ਮਨਾ ਅੰਤਿ ਸਹਾਈ ਹੋਇ ॥੩੨॥ ਜਨਮ
ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ
ਤ੍ਰਾਸੁ ॥ ਕਹੁ ਨਾਨਕ ਹਰਿ ਭਜੁ ਮਨਾ ਨਿਰਭੈ
ਪਾਵਹਿ ਬਾਸੁ ॥੩੩॥ ਜਤਨ ਬਹੁਤੁ ਮੈ ਕਰਿ
ਰਹਿਓ ਮਿਟਿਓ ਨ ਮਨ ਕੋ ਮਾਨੁ ॥ ਦੁਰਮਤਿ
ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ
॥੩੪॥ ਬਾਲ ਜੁਆਨੀ ਅਰੁ ਬਿਰਧਿ ਫੁਨਿ
ਤੀਨਿ ਅਵਸਥਾ ਜਾਨਿ ॥ ਕਹੁ ਨਾਨਕ ਹਰਿ
ਭਜਨ ਬਿਨੁ ਬਿਰਥਾ ਸਭ ਹੀ ਮਾਨੁ ॥੩੫॥
ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥

ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥੩੬॥ ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ ਮੀਤ ॥ ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਿਨ ਭੀਤਿ ॥੩੭॥ ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ॥ ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥੩੮॥ ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ॥੩੯॥ ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ॥ ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ॥੪੦॥ ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ॥ ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ॥੪੧॥ ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ॥

ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥ ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥ ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥ ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥ ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥ ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕ ਚਿਤਿ ॥੪੫॥ ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ॥ ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥ ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤਿ ਤੇ ਹੀਨ ॥ ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸਿ ਲੀਨ ॥੪੭॥

ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ॥ ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥ ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥ ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ॥ ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥ ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥ ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥ ਦੋਹਰਾ ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥

ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ
॥ ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ
ਹੋਤ ਸਹਾਇ ॥੫੪॥ ਸੰਗ ਸਖਾ ਸਭਿ ਤਜਿ
ਗਏ ਕੋਊ ਨ ਨਿਬਹਿਓ ਸਾਥਿ ॥ ਕਹੁ ਨਾਨਕ
ਇਹ ਬਿਪਤਿ ਮੈ ਟੇਕ ਏਕ ਰਘੁਨਾਥ ॥੫੫॥
ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ
॥ ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ
ਗੁਰ ਮੰਤੁ ॥੫੬॥ ਰਾਮ ਨਾਮੁ ਉਰ ਮੈ ਗਹਿਓ
ਜਾ ਕੈ ਸਮ ਨਹੀ ਕੋਇ ॥ ਜਿਹ ਸਿਮਰਤ
ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥
ਮੁੰਦਾਵਣੀ ਮਹਲਾ ੫ ॥ਥਾਲ ਵਿਚਿ ਤਿੰਨਿ
ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ
ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ
ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ
ਹੋਇ ਉਧਾਰੋ ॥

ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ
ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ
ਸਭੁ ਨਾਨਕ ਬ੍ਰਹਮ ਪਸਾਰੋ ॥੧॥ ਸਲੋਕ ਮਹਲਾ
੫ ॥ ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ
ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ
ਆਪੇ ਤਰਸੁ ਪਇਓਈ ॥ ਤਰਸੁ ਪਇਆ
ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ
॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ
ਥੀਵੈ ਹਰਿਆ ॥੧॥